# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖ਼ਬਰਾਂ ਪੰਜਾਬੀ

## 13:10

**ਮਿਤੀ : 29-04-2026**

ਨਸ਼ਿਆਂ ਨੂੰ ਰੋਕਣ ਬਾਰੇ ਕੰਟਰੋਲ ਬਿਊਰੋ-NCB ਦੇ ਖੇਤਰੀ ਡਾਇਰੈਕਟਰਾਂ ਦੀ ਇਸ ਸਾਲ ਦੀ ਪਹਿਲੀ ਤਿਮਾਹੀ ਕਾਨਫਰੰਸ ਨਵੀਂ ਦਿੱਲੀ ਵਿੱਚ ਸਮਾਪਤ ਹੋਈ। ਬਿਊਰੋ ਦੀਆਂ ਸਾਰੀਆਂ ਖੇਤਰੀ ਇਕਾਈਆਂ ਨੇ ਅਗਲੇ ਤਿੰਨ ਸਾਲਾਂ ਦੌਰਾਨ ਦੇਸ਼ ਭਰ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਦੁਰਵਰਤੋਂ ਦਾ ਪ੍ਰਭਾਵਸ਼ਾਲੀ ਢੰਗ ਨਾਲ ਮੁਕਾਬਲਾ ਕਰਨ ਲਈ ਆਪਣੀ ਵਚਨਬੱਧਤਾ ਦੀ ਪੁਸ਼ਟੀ ਕੀਤੀ। ਬਿਊਰੋ ਦੇ ਅਨੁਸਾਰ, ਦੋ-ਰੋਜ਼ਾ ਕਾਨਫਰੰਸ ਬਿਊਰੋ ਦੇ ਖੇਤਰੀ ਦਫਤਰਾਂ ਦੇ ਲਾਗੂਕਰਨ ਅਤੇ ਤਾਲਮੇਲ ਦੇ ਕੰਮ ਦੀ ਵਿਸਥਾਰ ਚ ਸਮੀਖਿਆ 'ਤੇ ਕੇਂਦ੍ਰਿਤ ਸੀ ਤਾਂ ਜੋ ਪ੍ਰਭਾਵਸ਼ਾਲੀ ਮੁਕੱਦਮੇਬਾਜ਼ੀ, ਸੰਯੁਕਤ ਤਾਲਮੇਲ ਕਮੇਟੀ ਅਤੇ ਨਾਰਕੋ ਤਾਲਮੇਲ ਕੇਂਦਰ ਵਿਧੀਆਂ ਦੀ ਸਰਵੋਤਮ ਵਰਤੋਂ, ਭਗੌੜਿਆਂ ਨੂੰ ਨਿਆਂ ਦੇ ਘੇਰੇ ਵਿੱਚ ਲਿਆਉਣ ਅਤੇ ਖਾਕੇ ਨੂੰ ਲਾਗੂ ਕਰਨ ਦੀ ਤਿਆਰੀ ਨੂੰ ਯਕੀਨੀ ਬਣਾਇਆ ਜਾ ਸਕੇ। ਨਾਰਕੋਟਿਕਸ ਕੰਟਰੋਲ ਬਿਊਰੋ ਦੇ

ਡਾਇਰੈਕਟਰ ਜਨਰਲ ਅਨੁਰਾਗ ਗਰਗ ਨੇ ਸਾਰੇ ਅਧਿਕਾਰੀਆਂ ਨੂੰ ਗ੍ਰਿਹ ਮੰਤਰੀ ਅਮਿਤ ਸ਼ਾਹ ਦੇ ਦ੍ਰਿਸ਼ਟੀਕੋਣ ਦੇ ਮੁਤਾਬਿਕ ਮਹੀਨਾਵਾਰ ਟੀਚਿਆਂ ਨੂੰ ਪ੍ਰਾਪਤ ਕਰਨ ਦਾ ਸੱਦਾ ਦਿੱਤਾ। ਉਦੇਸ਼ ਨੈੱਟਵਰਕ-ਕੇਂਦ੍ਰਿਤ ਪਹੁੰਚ ਰਾਹੀਂ ਖਾਕੇ ਦੇ ਟੀਚਿਆਂ ਨੂੰ ਪ੍ਰਾਪਤ ਕਰਨਾ ਏ । ਕਾਨਫਰੰਸ ਦੌਰਾਨ, ਬਿਊਰੋ ਦੇ ਸੀਨੀਅਰ ਅਧਿਕਾਰੀਆਂ ਨੇ ਨਸ਼ਾ ਮੁਕਤ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਅਤੇ ਇੱਕ ਸੁਰੱਖਿਅਤ, ਨਸ਼ਾ ਮੁਕਤ ਰਾਸ਼ਟਰ ਲਈ ਇੱਕ ਮਜ਼ਬੂਤ ਲਾਗੂਕਰਨ ਢਾਂਚਾ ਬਣਾਉਣ ਲਈ ਆਪਣਾ ਸਮੂਹਿਕ ਸੰਕਲਪ ਪ੍ਰਗਟ ਕੀਤਾ।

---

ਰਾਜ ਸਭਾ ਮੈਂਬਰ ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕੱਲ ਸੁਲਤਾਨਪੁਰ ਲੋਧੀ ਦੇ ਪਿੰਡ ਮੰਡਾਲਾ ਛੰਨਾ ਪਿੰਡ ਦਾ ਦੌਰਾ ਕੀਤਾ ਜਿਥੇ 2000 ਫੁੱਟ ਤੋਂ ਵੱਧ ਥਾਂ ਪੱਥਰ ਲਾਇਆ ਗਿਆ ਏ । ਸੰਤ ਸੀਚੇਵਾਲ ਨੇ ਇਲਾਕੇ ਦੇ ਲੋਕਾਂ ਨੂੰ ਦੱਸਿਆ ਕਿ ਧੁੱਸੀ ਬੰਨ੍ਹ ‘ਤੇ ਸੜਕ ਬਣਾਉਣ ਲਈ ਉਨ੍ਹਾਂ ਨੇ ਮੰਡੀ ਬੋਰਡ ਦੇ ਸਕੱਤਰ ਨੂੰ ਪੱਤਰ ਲਿਖਿਆ ਏ ਅਤੇ ਇਹ ਸੜਕ ਤਿੰਨ ਗੇੜਾਂ ਵਿੱਚ ਬਣੇਗੀ । ਪੰਜਾਂ ਪਿੰਡ ਦੇ ਲੋਕਾਂ ਨੇ ਸੰਤ ਸੀਚੇਵਾਲ ਜੀ ਦਾ ਧੰਨਵਾਦ ਪ੍ਰਗਟ ਕੀਤਾ ਏ ਕਿ ਉਨ੍ਹਾਂ ਦੇ ਸੁਹਿਰਦ ਯਤਨਾਂ ਸਦਕਾ ਸਤਲੁਜ ਦਰਿਆ ਦੇ ਧੁੱਸੀ ਬੰਨ੍ਹ ਦਾ ਸੰਵੇਦਨਸ਼ੀਲ ਹਿੱਸਾ ਪੱਥਰ ਲਾ ਕੇ ਮਜ਼ਬੂਤ ਕੀਤਾ ਜਾ ਰਿਹਾ ਏ ।

ਧੁੱਸੀ ਬੰਨ੍ਹ ‘ਤੇ ਜਾਣੀਆ, ਜਾਣੀਆ ਚਾਹਲ, ਮਹਿਰਾਜ-ਪੁਰ, ਗੱਟਾ ਮੁੰਡੀ ਕਾਸੂ ਅਤੇ ਲੱਖੂ ਦੀਆਂ ਛੰਨਾ ਪਿੰਡਾਂ ਦੇ ਲੋਕਾਂ ਨੇ ਸੰਤ ਸੀਚੇਵਾਲ ਦਾ ਇਸ ਉਪਰਾਲੇ ਧੰਨਵਾਦ ਕੀਤਾ । ਇਸ ਦੌਰੇ ਦੌਰਾਨ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

--------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਵਿੱਚ ਮਰਦਮਸ਼ੁਮਾਰੀ 2027 ਦੇ ਪਹਿਲੇ ਗੇੜ "ਮਕਾਨ ਸੂਚੀਕਰਨ ਅਤੇ ਮਕਾਨਾਂ ਦੀ ਗਣਨਾ" ਪ੍ਰਕਿਰਿਆ ਦਾ ਰਸਮੀ ਉਦਘਾਟਨ ਕੀਤਾ। ਮੁੱਖ ਮੰਤਰੀ ਨੇ ਸੰਗਰੂਰ ਜ਼ਿਲ੍ਹੇ ਦੇ ਪਿੰਡ ਸਤੌਜ ਤੋਂ ਅਧਿਕਾਰਤ ਆਨ-ਲਾਈਨ ਮਰਦਮਸ਼ੁਮਾਰੀ ਪੋਰਟਲ ਰਾਹੀਂ ਆਪਣੀ ਸਵੈ-ਗਣਨਾ ਪੂਰੀ ਕੀਤੀ, ਜੋ ਕਿ ਨਾਗਰਿਕਾਂ ਨੂੰ ਡਿਜੀਟਲ ਜਨਗਣਨਾ ਦੀ ਪ੍ਰਕਿਰਿਆ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਏ । ਨਿਰਧਾਰਿਤ ਡਿਜੀਟਲ ਪਲੇਟਫਾਰਮ ਦੀ ਵਰਤੋਂ ਕਰਦੇ ਹੋਏ ਸਵੈ-ਗਣਨਾ ਦੀ ਪ੍ਰਕਿਰਿਆ ਨੂੰ ਨਿੱਜੀ ਤੌਰ ਤੇ ਅਪਣਾ ਕੇ, ਮੁੱਖ ਮੰਤਰੀ ਜੀ ਨੇ ਇਸ ਪਹਿਲਕਦਮੀ ਦੀ ਸੰਖ, ਪਹੁੰਚਯੋਗਤਾ ਅਤੇ ਨਾਗਰਿਕ-ਕੇਂਦਰਿਤ ਰੁਝਾਨ ਦਾ ਪ੍ਰਦਰਸ਼ਨ ਦਰਸ਼ਨ ਕੀਤਾ। ਉਨ੍ਹਾਂ ਨੇ ਪੰਜਾਬ ਦੇ ਸਮੂਹ ਨਿਵਾਸੀਆਂ ਨੂੰ ਮਰਦਮਸ਼ੁਮਾਰੀ

ਕਾਰਜਾਂ ਵਿਚ ਸਰਗਰਮੀ ਨਾਲ ਹਿੱਸਾ ਲੈਣ ਅਤੇ ਇਸ ਤਕਨਾਲੋਜੀ ਅਧਾਰਿਤ ਪ੍ਰਕਿਰਿਆ ਨੂੰ ਅਪਣਾਉਣ ਦਾ ਸੱਦਾ ਦਿੱਤਾ। ਉਨ੍ਹਾਂ ਦੀ ਇਸ ਸਰਗਰਮ ਸ਼ਮੂਲੀਅਤ ਨੇ ਇੱਕ ਮਜਬੂਤ ਮਿਸਾਲ ਕਾਇਮ ਕੀਤੀ ਹੈ, ਜੋ ਸੂਬੇ ਭਰ ਦੇ ਲੋਕਾਂ ਨੂੰ ਮਰਦਮਸ਼ੁਮਾਰੀ-2027 ਲਈ ਸਹੀ ਅਤੇ ਸਮੇਂ ਸਿਰ ਜਾਣਕਾਰੀ ਪ੍ਰਦਾਨ ਕਰਨ ਲਈ ਉਤਸਾਹਿਤ ਕਰਦੀ ਏ । ਮੁੱਖ ਮੰਤਰੀ ਨੇ ਪੰਜਾਬ ਦੇ ਸਮੂਹ ਨਿਵਾਸੀਆਂ ਨੂੰ 30 ਅਪ੍ਰੈਲ ਤੋਂ 14 ਮਈ ਤੱਕ ਸਵੈ-ਗਣਨਾ ਦੀ ਸਹੂਲਤ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ । ਮਰਦਮਸ਼ੁਮਾਰੀ 2027 ਦੇ ਪਹਿਲੇ ਗੇੜ ਮਕਾਨ ਸੂਚੀਕਰਨ ਅਤੇ ਮਕਾਨਾਂ ਦੀ ਗਣਨਾ ਸਬੰਧੀ ਕੰਮ ਲਈ ਘਰ-ਘਰ ਜਾ ਕੇ ਸਰਵੇਖਣ 15 ਮਈ ਤੋਂ 13 ਜੂਨ, ਤੱਕ ਕੀਤਾ ਜਾਵੇਗਾ। ਇਸ ਮੁਹਿੰਮ ਦੌਰਾਨ ਮਕਾਨਾਂ ਦੀ ਸਥਿਤੀ, ਸਹੂਲਤਾਂ ਅਤੇ ਸੰਪਤੀ ਨਾਲ ਸਬੰਧਤ 33 ਸਵਾਲ ਪੁੱਛੇ ਜਾਣਗੇ। ਹਰੇਕ ਮਕਾਨ ਦੀ ਗਿਣਤੀ ਕੀਤੀ ਜਾਵੇਗੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਇਸ ਮਹੱਤਵਪੂਰਨ ਰਾਸ਼ਟਰੀ ਮੁਹਿੰਮ ਵਿੱਚ ਕੋਈ ਵੀ ਪਰਿਵਾਰ ਛੁੱਟ ਨਾ ਜਾਵੇ।

---

ਪੰਜਾਬ ਸਰਕਾਰ ਅਤੇ ਪੰਜਾਬ ਮਿਲਕਫੈੱਡ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਕਿਸਾਨਾਂ ਲਈ ਦੁੱਧ ਦੀ ਖਰੀਦ ਕੀਮਤ ਵਿੱਚ ਪਹਿਲੀ ਮਈ ਤੋਂ ਵਾਧਾ ਕਰਨ ਦਾ ਐਲਾਨ ਕੀਤਾ ਏ ।

ਇਸ ਨਾਲ ਦੁੱਧ ਦੀ ਖਰੀਦ ਕੀਮਤ ਵਿੱਚ 20 ਰੁਪਏ ਪ੍ਰਤੀ ਕਿਲੋਗ੍ਰਾਮ ਫੈਟ ਦਾ ਵਾਧਾ ਹੋਵੇਗਾ। ਇਸ ਫੈਸਲੇ ਦਾ ਉਦੇਸ਼ ਡੇਅਰੀ ਕਿਸਾਨਾਂ ਲਈ ਬਿਹਤਰ ਆਮਦਨ ਯਕੀਨੀ ਬਣਾਉਣਾ, ਪੇਂਡੂ ਆਰਥਿਕਤਾ ਨੂੰ ਮਜ਼ਬੂਤ ਕਰਨਾ ਅਤੇ ਸੂਬੇ ਵਿੱਚ ਸਹਿਕਾਰੀ ਡੇਅਰੀ ਢਾਂਚੇ ਨੂੰ ਮਜ਼ਬੂਤ ਕਰਨਾ ਏ । ਮਿਲਕਫੈੱਡ ਦੇ ਸੂਤਰਾਂ ਮੁਤਾਬਕ ਮੁੱਖ ਮੰਤਰੀ ਦੇ ਨਿਰਦੇਸ਼ਾਂ ਅਨੁਸਾਰ, ਮਿਲਕਫੈੱਡ ਵੱਲੋਂ ਇਹ ਕਦਮ ਕਿਸਾਨਾਂ ਅਤੇ ਡੇਅਰੀ ਉਤਪਾਦਕਾਂ ਦੇ ਹਿੱਤਾਂ ਦੀ ਰਾਖੀ ਲਈ ਚੁੱਕਿਆ ਗਿਆ ਏ ਜੋ ਪੰਜਾਬ ਦੀ ਪੇਂਡੂ ਆਰਥਿਕਤਾ ਦੀ ਰੀੜ੍ਹ ਨੇ । ਸਰਕਾਰੀ ਸੂਤਰਾਂ ਨੇ ਦੱਸਿਆ ਕਿ ਢਾਈ ਲੱਖ ਡੇਅਰੀ ਕਿਸਾਨਾਂ ਨੂੰ ਤੁਰੰਤ ਵਧਾਈ ਗਈ ਕੀਮਤ ਦਾ ਲਾਭ ਮਿਲੇਗਾ। ਇਸ ਵਾਧੇ ਨਾਲ ਡੇਅਰੀ ਫਾਰਮਿੰਗ ਦੀ ਆਮਦਨ ਵਿੱਚ ਸੁਧਾਰ ਹੋਵੇਗਾ ਜਿਸ ਨਾਲ ਪੰਜਾਬ ਦੇ ਲਗਭਗ 30 ਲੱਖ ਦੁੱਧ ਉਤਪਾਦਕਾਂ ਨੂੰ ਲਾਭ ਹੋਵੇਗਾ । ਮਿਲਕਫੈੱਡ ਵੱਲੋਂ ਦੁੱਧ ਖਰੀਦ ਕੀਮਤਾਂ ਵਿੱਚ ਵਾਧੇ ਦਾ ਵਿਆਪਕ ਪ੍ਰਭਾਵ ਪਵੇਗਾ ਅਤੇ ਪੰਜਾਬ ਦੀ ਪੇਂਡੂ ਆਰਥਿਕਤਾ ਵਿੱਚ ਪ੍ਰਤੀ ਮਹੀਨਾ 100 ਕਰੋੜ ਰੁਪਏ ਦਾ ਵਾਧੂ ਲਾਭ ਹੋਵੇਗਾ।

---------------------------------------------------------------------

ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਨੂੰ ਕਿੱਤਾ ਮੁਖੀ ਅਤੇ ਆਤਮ ਨਿਰਭਰ ਬਣਾਉਣ ਬਾਰੇ ਪ੍ਰੋਜੈਕਟ ਪਹਿਲ ਪੇਂਡੂ ਮਹਿਲਾਵਾਂ ਲਈ ਘਰ ਬੈਠੇ ਆਮਦਨ ਦਾ ਸਰੋਤ ਬਣ ਰਿਹਾ ਏ । ਬਠਿੰਡਾ ਦੇ ਡਿਪਟੀ ਕਮਿਸ਼ਨਰ

ਰਾਜੇਸ਼ ਧੀਮਾਨ ਨੇ ਦੱਸਿਆ ਕਿ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵੱਲੋਂ ਚਲਾਏ ਜਾਂਦੇ ਪ੍ਰਾਜੈਕਟ ਪਹਿਲ ਤਹਿਤ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਸਰਕਾਰ ਵੱਲੋਂ ਵਰਦੀਆਂ ਦਿੱਤੀਆਂ ਜਾਂਦੀਆਂ ਹਨ, ਜਿਸ ਨੂੰ ਔਰਤਾਂ ਦੇ ਸਵੈ-ਸਹਾਇਤਾ ਸਮੂਹਾਂ ਵਲੋਂ ਤਿਆਰ ਕੀਤਾ ਜਾਂਦਾ ਏ । ਇਸ ਪ੍ਰੋਜੈਕਟ ਤਹਿਤ 500 ਮਹਿਲਾਵਾਂ ਨੂੰ ਰੁਜ਼ਗਾਰ ਦਿੱਤਾ ਗਿਆ, ਜਿਹੜੀਆਂ ਕਿ 150 ਸਵੈ-ਸਹਾਇਤਾ ਸਮੂਹਾਂ ਨਾਲ ਜੁੜੀਆਂ ਹੋਈਆਂ ਹਨ। ਜ਼ਿਲ੍ਹਾ ਬਠਿੰਡਾ 'ਚ ਦੋ ਕੇਂਦਰ , ਗੋਨਿਆਣਾ ਬਲਾਕ ਦੇ ਪਿੰਡ ਸਿਵੀਆਂ ਵਿਖੇ ਅਤੇ ਸੰਗਤ ਬਲਾਕ ਦਾ ਕੇਂਦਰ ਪਿੰਡ ਬਾਜਕ ਵਿਖੇ ਕੰਮ ਕਰ ਰਹੇ ਨੇ । ਇਨ੍ਹਾਂ ਦੋਵਾਂ ਕੇਂਦਰਾਂ ਨੂੰ ਸਾਲ 2025-26 ਦੌਰਾਨ 40, ਹਜ਼ਾਰ ਵਰਦੀਆਂ ਬਣਾਉਣ ਦਾ ਟੀਚਾ ਦਿੱਤਾ ਗਿਆ ਸੀ। ਇਨ੍ਹਾਂ ਮਹਿਲਾਵਾਂ ਵੱਲੋਂ 46,ਹਜ਼ਾਰ ਵਰਦੀਆਂ ਤਿਆਰ ਕੀਤੀਆਂ ਗਈਆਂ ਅਤੇ ਕਰੀਬ 3 ਕਰੋੜ ਰੁਪਏ ਦੀ ਕਮਾਈ ਕੀਤੀ ਗਈ। ਮਹਿਲਾਵਾਂ ਨੂੰ 60 ਰੁਪਏ ਪ੍ਰਤੀ ਵਰਦੀ ਮਿਹਨਤ ਦਿੱਤੀ ਜਾਂਦੀ ਏ ।

ਉਨ੍ਹਾਂ ਦੱਸਿਆ ਕਿ ਮਹਿਲਾਵਾਂ ਦੇ ਉਤਸ਼ਾਹ ਨੂੰ ਵੇਖਦੇ ਹੋਏ ਹੁਣ ਦੋ ਹੋਰ ਕੇਂਦਰ ਬਲਾਕ ਤਲਵੰਡੀ ਸਾਬੋ ਦੇ ਪਿੰਡ ਜੀਵਨ ਸਿੰਘ ਵਾਲਾ ਅਤੇ ਬਲਾਕ ਰਾਮਪੁਰਾ ਪਿੰਡ ਰਾਈਆ ਵਿਖੇ ਸ਼ੁਰੂ ਕੀਤੇ ਗਏ ਹਨ।

---

ਰੂਪਨਗਰ ਸਿਵਲ ਹਸਪਤਾਲ ਕੱਲ ਵਿਖੇ 'ਆਸ਼ਾ ਦਿਵਸ' ਮਨਾਇਆ

ਗਿਆ ਅਤੇ ਸ਼ਹਿਰੀ ਖੇਤਰ ਵਿੱਚ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੀਆਂ ਬਿਹਤਰੀਨ ਆਸ਼ਾ ਵਰਕਰਾਂ ਨੂੰ ਪ੍ਰਸ਼ੰਸਾ-ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਿਵਿਲ ਸਰਜਨ ਡਾ. ਰਮਨ ਕੁਮਾਰ ਗੁਪਤਾ ਨੇ ਆਸ਼ਾ ਵਰਕਰਾਂ ਨੂੰ ਵਧਾਈ ਦਿੰਦਿਆਂ ਕਿਹਾ ਗਿਆ ਕਿ ਆਸ਼ਾ ਸਿਹਤ ਵਿਭਾਗ ਦੀ ਰੀੜ੍ਹ ਨੇ ਜੋ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਜ਼ਮੀਨੀ ਪੱਧਰ ‘ਤੇ ਮਹੱਤਵਪੂਰਨ ਸੇਵਾਵਾਂ ਨਿਭਾਅ ਰਹੀਆਂ ਹਨ। SMO ਸਿਵਲ ਹਸਪਤਾਲ ਡਾ. ਰੁਪਿੰਦਰਜੀਤ ਸਿੰਘ ਗਿੱਲ ਨੇ ਕਿਹਾ ਕਿ ਉੱਚ ਜ਼ੋਖਮ ਵਾਲੀਆਂ ਗਰਭਵਤੀ ਮਹਿਲਾਵਾਂ ਦੀ ਪਛਾਣ ਕਰਨ ਅਤੇ ਹਰ ਮਹੀਨੇ ਦੀ 9 ਅਤੇ 23 ਤਾਰੀਖ ਨੂੰ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਿਤਵ ਅਭਿਆਨ ਤਹਿਤ ਜਾਂਚ ਚੈੱਕਅਪ ਯਕੀਨੀ ਬਣਾਉਣ ਵਿੱਚ ਆਸ਼ਾ ਵਰਕਰਾਂ ਦੀ ਭੂਮਿਕਾ ਸ਼ਲਾਘਾਯੋਗ ਏ। ਉਨ੍ਹਾਂ ਕਿਹਾ ਕਿ ਆਸ਼ਾ ਵਰਕਰ ਸਿਹਤ ਵਿਭਾਗ ਅਤੇ ਲੋਕਾਂ ਵਿਚਕਾਰ ਇੱਕ ਮਜ਼ਬੂਤ ਕੜੀ ਵਜੋਂ ਕੰਮ ਕਰਦੀਆਂ ਹਨ ਅਤੇ ਉਨ੍ਹਾਂ ਦੇ ਯਤਨਾਂ ਸਦਕਾ ਹੀ ਸਿਹਤ ਸੇਵਾਵਾਂ ਲੋਕਾਂ ਤੱਕ ਪਹੁੰਚ ਰਹੀਆਂ ਹਨ।

-----------------------------------------------------------------------

ਫ਼ਾਜ਼ਿਲਕਾ-ਮਲੋਟ ਸੜਕ ‘ਤੇ ਪਿੰਡ ਇਸਲਾਮ-ਵਾਲਾ ਨੇੜੇ ਬੀਤੇ ਦਿਨੀ ਇੱਕ ਕਾਰ ਦੇ ਗੰਗ ਕੈਨਾਲ ਵਿੱਚ ਡਿਗਣ ਕਾਰਨ ਵਾਪਰੇ ਹਾਦਸੇ 'ਚ ਕਾਰ ਸਵਾਰ ਇਕ ਨੌਜਵਾਨ ਦੀ ਮੌਤ ਹੋ ਗਈ ।

ਫਾਜ਼ਿਲਕਾ ਤੋਂ ਸਾਡੇ ਪੱਤਰਕਾਰ ਨੇ ਦਸਿਆ ਕਿ ਕਾਰ ਸਵਾਰ ਤਿੰਨ ਵਿਦਿਆਰਥੀ ਮਲੋਟ ਤੋਂ ਪੇਪਰ ਦੇ ਕੇ ਵਾਪਸ ਆ ਰਹੇ ਸਨ। ਹਾਦਸੇ ਤੋਂ ਬਾਅਦ ਦੋ ਨੌਜਵਾਨ ਸੁਰੱਖਿਅਤ ਤੌਰ 'ਤੇ ਕਾਰ ਵਿੱਚੋਂ ਬਾਹਰ ਨਿਕਲ ਆਏ, ਜਦਕਿ ਇੱਕ ਨੌਜਵਾਨ ਦੇ ਕਾਰ ਵਿੱਚ ਫਸੇ ਹੋਣ ਕਾਰਨ ਮੌਕੇ 'ਤੇ ਮੌਜੂਦ ਲੋਕਾਂ ਅਤੇ ਬਚਾਅ ਅਧਿਕਾਰੀਆਂ ਵੱਲੋਂ ਕਾਰਵਾਈ ਕਰਦੇ ਹੋਏ ਨਹਿਰ ਵਿੱਚੋਂ ਬਾਹਰ ਕੱਢਿਆ ਗਿਆ । ਉਸ ਨੂੰ ਇਲਾਜ ਲਈ ਸਿਵਲ ਹਸਪਤਾਲ ਲਿਜਾਇਆ ਗਿਆ , ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ।

---------------------------------------------------------------------------

ਪੰਜਾਬ ਅਤੇ ਚੰਡੀਗੜ੍ਹ ਵਿੱਚ ਅੱਜ ਸੇਵੇਰੇ ਮੌਸਮ ਵਿਚ ਅਚਾਨਕ ਆਈ ਤਬਦੀਲੀ ਕਾਰਨ ਪਿਛਲੇ ਦਿਨਾਂ ਤੋਂ ਪੈ ਰਹੀ ਗਰਮੀ ਤੋਂ ਲੋਕਾਂ ਨੂੰ ਵੱਡੀ ਰਾਹਤ ਮਿਲੀ ਏ । ਅੱਜ ਲੁਧਿਆਣਾ , ਪਠਾਨਕੋਟ, ਮੋਹਾਲੀ, ਗੁਰਦਾਸਪੁਰ ਸਮੇਤ ਕਈ ਇਲਾਕਿਆਂ ਵਿੱਚ ਹਲਕੀ ਬਾਰਿਸ਼ ਹੋਈ, ਜਦਕਿ ਕਈ ਥਾਵਾਂ 'ਤੇ ਤੇਜ਼ ਹਵਾਵਾਂ ਵੀ ਚੱਲੀਆਂ। ਚੰਡੀਗੜ੍ਹ ਸਥਿਤ ਮੌਸਮ ਵਿਭਾਗ ਮੁਤਾਬਿਕ, ਮੀਂਹ ਅਤੇ ਹਨ੍ਹੇਰੀ ਕਾਰਨ ਇੱਕੋ ਦਿਨ ਵਿੱਚ ਵੱਧ ਤੋਂ ਵੱਧ ਤਾਪਮਾਨ ਵਿੱਚ ਲਗਭਗ 6 ਡਿਗਰੀ ਸੈਲਸੀਅਸ ਤੱਕ ਦੀ ਕਮੀ ਦਰਜ ਕੀਤੀ ਗਈ ਏ। ਚੰਡੀਗੜ੍ਹ ਵਿੱਚ ਵੀ ਤਾਪਮਾਨ ਆਮ ਨਾਲੇ 3.6 ਡਿਗਰੀ ਸੈਲਸੀਅਸ ਹੇਠਾਂ ਰਿਹਾ। ਸਭ ਤੋਂ ਵੱਧ ਤਾਪਮਾਨ

ਫਾਜ਼ਿਲਕਾ ਵਿੱਚ 37.6 ਡਿਗਰੀ ਦਰਜ ਕੀਤਾ ਗਿਆ, ਜਦਕਿ ਹੋਰ ਜ਼ਿਲ੍ਹਿਆਂ ਵਿੱਚ ਵੀ ਤਾਪਮਾਨ ਵਿੱਚ ਮਹੱਤਵਪੂਰਨ ਗਿਰਾਵਟ ਆਈ ਏ।ਮੌਸਮ ਵਿਭਾਗ ਨੇ ਪੰਜਾਬ ਅਤੇ ਹਰਿਆਣਾ ਦੇ ਕੁਝ ਹਿੱਸਿਆਂ ਵਿੱਚ ਕੱਲ ਤੱਕ, ਗਰਜ-ਚਮਕ ਨਾਲ ਹਲਕੀ ਬਾਰਿਸ਼ ਸਬੰਧੀ Orange ਅਤੇ Yellow ਅਲਰਟ ਜਾਰੀ ਕੀਤਾ ਏ। ਚੰਡੀਗੜ੍ਹ ਵਿੱਚ ਵੀ ਗਰਜ-ਚਮਕ ਨਾਲ ਹਲਕੀ ਬਾਰਿਸ਼ ਦਾ Yellow ਅਲਰਟ ਜਾਰੀ ਕੀਤਾ ਗਿਆ ਏ। ਇਹ ਹਾਲਾਤ ਪਹਿਲੀ ਮਈ ਨੂੰ ਛੱਡ ਕੇ 3 ਮਈ ਤੱਕ ਜਾਰੀ ਰਹਿਣ ਦੀ ਸੰਭਾਵਨਾ ਏ ਜਿਸ ਨਾਲ ਲੋਕਾਂ ਨੂੰ ਲੂ ਤੋਂ ਰਾਹਤ ਮਿਲੇਗੀ।ਹਾਲਾਂਕਿ, ਮੌਸਮ ਵਿਭਾਗ ਨੇ ਲੋਕਾਂ ਨੂੰ ਖਾਸ ਕਰਕੇ ਤੇਜ਼ ਹਵਾਵਾਂ ਅਤੇ ਬਿਜਲੀ ਚਮਕਣ ਦੌਰਾਨ ਘਰਾਂ ਵਿੱਚ ਰਹਿਣ ਦੀ ਅਪੀਲ ਕੀਤੀ ਏ।

---

-IPL ਕ੍ਰਿਕਟ ਵਿੱਚ, ਮੁੰਬਈ ਇੰਡੀਅਨਜ਼ ਦਾ ਮੁਕਾਬਲਾ ਅੱਜ ਸਨਰਾਈਜ਼ਰਸ ਹੈਦਰਾਬਾਦ ਨਾਲ ਹੋਵੇਗਾ । ਇਹ ਮੈਚ ਮੁੰਬਈ ਵਿੱਚ ਸ਼ਾਮ ਸਾਢੇ 7 ਵਜੇ ਸ਼ੁਰੂ ਹੋਵੇਗਾ। ਕੱਲ੍ਹ ਰਾਜਸਥਾਨ ਰਾਇਲਜ਼ ਨੇ ਪੰਜਾਬ ਕਿੰਗਜ਼ ਨੂੰ 6 ਵਿਕਟਾਂ ਨਾਲ ਹਰਾਇਆ। 223 ਦਾ ਟੀਚਾ ਰੱਖਦੇ ਹੋਏ, ਰਾਜਸਥਾਨ ਰਾਇਲਜ਼ ਨੇ ਮੈਚ ਜਿੱਤਣ ਲਈ 4 ਵਿਕਟਾਂ ਦੇ ਨੁਕਸਾਨ 'ਤੇ 228 ਦੌੜਾਂ ਬਣਾਈਆਂ।